# ਪੰਜਾਬ ਸਕੂਲ ਸਿੱਖਿਆ ਬੋਰਡ

## ਨੋਟੀਫਿਕੇਸ਼ਨ

ਨੋਟੀ: ਨੰ:334-ਪਸਸਬ-5ਅਸ-ਅਮਲਾ-2019/2485 ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 24.10.19

ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ, ਬੋਰਡ ਦੀ ਇਕੱਤਰਤਾ ਮਿਤੀ 17.11.2016 ਵਿੱਚ ਮੱਦ ਨੰ. 8 (1) ਰਾਹੀਂ ਮਿਲੇ ਅਧਿਕਾਰਾਂ ਅਧੀਨ ਪੰਜਾਬ ਸਰਕਾਰ, ਵਿੱਤ ਵਿਭਾਗ, ਕਰਜ਼ਾ ਸ਼ਾਖਾ ਵਲੋਂ ਜਾਰੀ ਪੱਤਰ ਨੰ. ਵਿ.ਵਿ.ਕਰਜ਼ਾ-ਭ.ਅ.(ਕਰਜ਼ਾ)/93/2019/9234 ਮਿਤੀ 15.10.2019 **(ਅਨੁਲੱਗ ਕ ਪੰਨਾ ਨੰ. 1 ਅਤੇ 2)** ਬੋਰਡ ਦਫਤਰ ਵਿੱਚ ਅਡਾਪਟ ਕਰਨ ਦੀ ਪ੍ਰਵਾਨਗੀ ਦਿੰਦੇ ਹਨ।

ਮਿਤੀ: ਸਾਹਿਬਜ਼ਾਦਾ ਅਜੀਤ ਸਿੰਘ ਨਗਰ
24-10-2019

ਸਕੱਤਰ,
ਪੰਜਾਬ ਸਕੂਲ ਸਿੱਖਿਆ ਬੋਰਡ

ਪਿੱਠ ਅੰਕਣ ਨੰ:ਪਸਸਬ-5ਅਸ-ਅਮਲਾ-2019/2486 ਮਿਤੀ:ਸਾਹਿਬਜ਼ਾਦਾ ਅਜੀਤ ਸਿੰਘ ਨਗਰ: 24.10.2019

ਉਪਰੋਕਤ ਦਾ ਉਤਾਰਾ ਨਿਮਨਲਿਖਤ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਸਕੱਤਰ-ਟੂ-ਚੇਅਰਮੈਨ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੇ ਨਿੱਜੀ ਸਹਾਇਕਾਂ ਨੂੰ, ਚੇਅਰਮੈਨ, ਵਾਈਸ ਚੇਅਰਮੈਨ ਅਤੇ ਸਕੱਤਰ ਜੀ ਦੀ ਸੂਚਨਾ ਹਿੱਤ;
2) ਸੰਯੁਕਤ ਸਕੱਤਰ, ਜਨਰਲ/ ਕੰਟਰੋਲਰ, ਪ੍ਰੀਖਿਆਵਾਂ;
3) ਉਪ ਕੰਟਰੋਲਰ, ਲੋਕਲ ਆਡਿਟ;
4) ਸਮੂਹ ਸ਼ਾਖਾ ਮੁੱਖੀ;
5) ਸਹਾਇਕ ਸਕੱਤਰ (ਅਮਲਾ/ ਲੇਖਾ);
6) ਸੀਨੀਅਰ ਮੈਨੇਜਰ, ਪੁਸਤਕਾਂ (ਸਮੂਹ ਖੇਤਰੀ ਦਫਤਰਾਂ ਨੂੰ ਸੂਚਿਤ ਕਰਨ ਲਈ);
7) ਇੰਚਾਰਜ, ਆਦਰਸ਼ ਸਕੂਲ ਸੈਲ (ਸਮੂਹ ਆਦਰਸ਼ ਸਕੂਲਾਂ ਨੂੰ ਸੂਚਿਤ ਕਰਨ ਲਈ);
8) ਸੁਪਰਡੰਟ (ਪੈਨਸ਼ਨ/ ਜੀ.ਪੀ.ਐਫ./ ਸੈਲਰੀ);
9) ਰਿਕਾਰਡਰ, ਅਮਲਾ ਸ਼ਾਖਾ;

ਪੰਜਾਬ ਸਕੂਲ ਸਿੱਖਿਆ ਬੋਰਡ ।

24/10/19
ਸੁਪਰਡੰਟ (ਅਮਲਾ-5)
ਵਾ: ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।

ਨੰ:ਵਿ:ਵਿ:ਕਰਜ਼ਾ-ਡ.ਸ.(ਕਰਜ਼ਾ)/93/2019/ ੧੨੩੪
ਪੰਜਾਬ ਸਰਕਾਰ,ਵਿੱਤ ਵਿਭਾਗ
(ਕਰਜ਼ਾ ਸ਼ਾਖਾ)

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ, ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਡਿਪਟੀ ਕਮਿਸ਼ਨਰ।

ਮਿਤੀ: ਚੰਡੀਗੜ੍ਹ: 15.10.੨੦੧੯

ਵਿਸ਼ਾ: ਸਾਲ 2019-20 ਵਿੱਚ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਤਿਉਹਾਰ ਲਈ ਕਰਜ਼ਾ।

****

ਸ੍ਰੀ ਮਾਨ ਜੀ,

ਪੰਜਾਬ ਸਰਕਾਰ ਨੇ ਆਪਣੇ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਤਿਉਹਾਰ ਲਈ ਸੂਦ ਰਹਿਤ 7000/-ਰੁ ( ਸੱਤ ਹਜ਼ਾਰ ਰੁਪਏ ਕੇਵਲ) ਸਾਲ 2019-20 ਦੌਰਾਨ ਕਰਜ਼ਾ ਦੇਣ ਦਾ ਫੈਸਲਾ ਕੀਤਾ ਹੈ। ਇਹ ਰਕਮ ਮਿਤੀ 25.10.2019 ਤੱਕ ਕਢਵਾਈ ਜਾ ਸਕੇਗੀ। ਇਹ ਕਰਜ਼ਾ 5 ਬਰਾਬਰ ਮਹੀਨਾਵਾਰ ਕਿਸ਼ਤਾਂ ਵਿੱਚ ਵਸੂਲਿਆ ਜਾਵੇਗਾ। ਇਸ ਦੀ ਵਸੂਲੀ ਨਵੰਬਰ, 2019 ਦੀ ਤਨਖਾਹ ਤੋਂ ਸ਼ੁਰੂ ਹੋ ਜਾਵੇਗੀ। ਇਹ ਕਰਜ਼ਾ ਸਿਰਫ ਰੈਗੂਲਰ ਦਰਜਾ-4 (ਗਰੁੱਪ ਡੀ) ਕਰਮਚਾਰੀਆਂ ਨੂੰ ਹੀ ਮਿਲੇਗਾ। ਦਿਹਾੜੀਦਾਰ, ਵਰਕਚਾਰਜ਼ਡ ਕਰਮਚਾਰੀ ਆਦਿ ਇਸ ਫੈਸਲੇ ਅਧੀਨ ਨਹੀਂ ਆਉਣਗੇ। ਜਿਹੜੇ ਕਰਮਚਾਰੀ ਆਰਜ਼ੀ ਹਨ, ਉਹਨਾਂ ਨੂੰ ਕਰਜ਼ਾ ਦੇਣ ਤੋਂ ਪਹਿਲਾਂ ਡਿਸਬਰਸਿੰਗ ਅਫਸਰ ਆਪਣੀ ਤਸੱਲੀ ਦੀ ਜ਼ਾਮਨੀ ਲੈ ਲੈਣ ਤਾਂ ਜੋ ਇਹ ਕਰਜ਼ਾ ਪੂਰਾ ਸੁਰੱਖਿਅਤ ਹੋਵੇ ਅਤੇ ਨਿਰਧਾਰਿਤ ਸਮੇਂ ਅਨੁਸਾਰ ਵਸੂਲੀ ਹੋ ਸਕੇ।

2. ਇਸ ਕਰਜ਼ੇ ਦੀ ਮੰਨਜ਼ੂਰੀ ਜਾਰੀ ਕਰਨ ਦਾ ਅਧਿਕਾਰ ਡਿਸਬਰਸਿੰਗ ਅਫਸਰ ਨੂੰ ਹੋਵੇਗਾ ਅਤੇ ਉਹ ਮੰਨਜ਼ੂਰੀ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾ ਲਵੇਗਾ ਕਿ ਕਰਮਚਾਰੀ ਉਤਨੇ ਸਮੇਂ ਲਈ ਸੇਵਾ ਵਿੱਚ ਰਹੇਗਾ ਜਿੰਨ੍ਹਾਂ ਸਮਾਂ ਇਸ ਕਰਜ਼ੇ ਦੀ ਵਸੂਲੀ ਲਈ ਨਿਸ਼ਚਿਤ ਕੀਤਾ ਗਿਆ ਹੈ।

3. ਕਰਜ਼ੇ ਦੀ ਰਕਮ ਨਾਨ ਪਲਾਨ ਸਾਈਡ ਤੇ ਹੈਡ "7610-ਸਰਕਾਰੀ ਕਰਮਚਾਰੀਆਂ ਨੂੰ ਕਰਜ਼ੇ ਆਦਿ-800-ਹੋਰ ਕਰਜ਼ੇ ਆਦਿ-01 ਫੈਸਟੀਵਲ ਐਡਵਾਂਸ-55-ਕਰਜ਼ੇ ਅਤੇ ਪੇਸ਼ਗੀਆਂ" ਅਧੀਨ ਬੁੱਕ ਕੀਤੀ ਜਾਵੇਗੀ। ਇਸ ਦੀ ਮਾਹਵਾਰੀ ਵਸੂਲੀ ਕਾਰਸਪਾਂਡਿੰਗ ਰਸੀਟ ਹੈਡ "7610-ਸਰਕਾਰੀ ਕਰਮਚਾਰੀਆਂ ਨੂੰ ਕਰਜ਼ੇ ਆਦਿ-800-ਹੋਰ ਕਰਜ਼ੇ ਆਦਿ-01 ਫੈਸਟੀਵਲ ਐਡਵਾਂਸ-55-ਕਰਜ਼ੇ ਅਤੇ ਪੇਸ਼ਗੀਆਂ/ਪ੍ਰਾਪਤੀਆਂ" ਨੂੰ ਬੁੱਕ ਕੀਤੀ ਜਾਵੇਗੀ।

4. ਇਸ ਕਰਜ਼ੇ ਸਬੰਧੀ ਵਿਅਕਤੀਗਤ ਲੇਖਾ ਜੋਖਾ ਡਿਸਬਰਸਿੰਗ ਅਫਸਰ ਰੱਖੇਗਾ ਅਤੇ ਉਹ ਆਪਣੇ ਪੱਧਰ ਤੇ ਇਹ ਯਕੀਨੀ ਬਣਾਏਗਾ ਕਿ ਕਰਜ਼ੇ ਦੀ ਵਸੂਲੀ ਉਪਰੋਕਤ ਵਰਨਣ ਅਨੁਸਾਰ ਕੀਤੀ ਗਈ ਹੈ। ਇਸ ਕਰਜ਼ੇ ਦੀ ਵਸੂਲੀ ਸਬੰਧੀ ਹਰ ਤਨਖਾਹ ਦੇ ਬਿਲ ਨਾਲ ਅਲੱਗ ਸ਼ਡਿਊਲ ਲਗਾਇਆ ਜਾਵੇਗਾ ਜਿਸ ਵਿੱਚ ਕਰਮਚਾਰੀ ਵਾਈਜ਼ ਕਰਜ਼ੇ ਦੀ ਕੁੱਲ ਰਕਮ, ਮੌਜੂਦਾ ਬਿਲ ਵਿੱਚ ਕੀਤੀ ਕਟੌਤੀ ਅਤੇ ਬਕਾਇਆ ਵਿਖਾਇਆ ਜਾਵੇਗਾ।

.....2.....

5. ਹਰ ਵਿਭਾਗ ਦਾ ਮੁੱਖੀ ਆਪਣੇ ਵਿਭਾਗ ਵੱਲੋਂ ਭਰਾਅ ਕੀਤੀ ਕਰਜ਼ੇ ਦੀ ਰਾਸ਼ੀ ਅਤੇ ਕੀਤੀ ਗਈ ਰਿਕਵਰੀ ਦਾ ਮਿਲਾਣ ਮਹਾਂਲੇਖਾਕਾਰ ਪੰਜਾਬ ਨਾਲ ਕਰਨਾ ਯਕੀਨੀ ਬਣਾਉਣਗੇ। ਇਹ ਕਰਜਾ ਉਨਾਂ ਦਰਜਾ ਚਾਰ (ਗਰੁੱਪ ਡੀ) ਕਰਮਚਾਰੀਆਂ ਨੂੰ ਦਿੱਤਾ ਜਾਵੇਗਾ ਜੋ ਇਸ ਲਈ ਅਪਲਾਈ ਕਰਨਗੇ।

ਅਨਿਰੁੱਧ ਤਿਵਾਰੀ,ਆਈ.ਏ.ਐਸ
ਪ੍ਰਮੁੱਖ ਸਕੱਤਰ ਵਿੱਤ,ਵਿੱਤ ਵਿਭਾਗ,ਪੰਜਾਬ

ਮਿਤੀ :14-10-2019 ੧੨੩੫-੩੬

ਪਿਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2019/੧੨੩੫-੩੬ ਮਿਤੀ: 15.10.2019

ਇਸ ਦਾ ਇਕ ਉਤਾਰਾ ਹੇਠ ਲਿਖਿਆਂ ਨੂੰ ਭੇਜਿਆ ਜਾਂਦਾ ਹੈ:-

1. ਪ੍ਰਮੁੱਖ ਮਹਾਂਲੇਖਾਕਾਰ,(ਆਡਿਟ),ਪੰਜਾਬ,ਚੰਡੀਗੜ੍ਹ।
2. ਪ੍ਰਮੁੱਖ ਮਹਾਂਲੇਖਾਕਾਰ, (ਏ ਅਤੇ ਈ), ਪੰਜਾਬ,ਚੰਡੀਗੜ੍ਹ।

ਡਿਪਟੀ ਡਾਇਰੈਕਟਰ(ਪੜਤਾਲ)

ਪਿੱਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2019/ ੧੨੩੭ ਮਿਤੀ: 15.10.2019

ਇਕ ਉਤਾਰਾ ਪੰਜਾਬ ਰਾਜ ਦੇ ਜਿਲ੍ਹਾ ਖਜਾਨਾ ਅਫਸਰਾਂ/ਖਜਾਨਾ ਅਫਸਰਾਂ ਨੂੰ ਸੂਚਨਾ ਅਤੇ ਜਰੂਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਡਿਪਟੀ ਡਾਇਰੈਕਟਰ(ਪੜਤਾਲ)

ਪਿੱਠ ਅੰਕਣ ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2019/੧੨੩੮-੪੧ ਮਿਤੀ: 15.10.2019

ਇਕ ਉਤਾਰਾ:-

1. ਰੈਜੀਡੈਂਟ,ਵਿੱਤੀ ਕਮਿਸ਼ਨਰ, ਪੰਜਾਬ ਸਰਕਾਰ, ਪੰਜਾਬ ਹਾਊਸ ਕਾਪਰਨੀਕਸ ਮਾਰਗ,ਨਵੀਂ ਦਿੱਲੀ।
2. ਸਹਾਇਕ ਤਨਖ਼ਾਹ ਅਤੇ ਲੇਖਾ ਅਫਸਰ, ਪੰਜਾਬ ਭਵਨ, ਨਵੀਂ ਦਿੱਲੀ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

ਡਿਪਟੀ ਡਾਇਰੈਕਟਰ(ਪੜਤਾਲ)

ਇਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ,ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਡਿਪਟੀ ਡਾਇਰੈਕਟਰ(ਪੜਤਾਲ)

ਸੇਵਾ ਵਿਖੇ

1. ਮੁੱਖ ਸਕੱਤਰ,ਪੰਜਾਬ ਸਰਕਾਰ, ਚੰਡੀਗੜ੍ਹ।
2. ਪੰਜਾਬ ਸਰਕਾਰ ਦੇ ਸਮੂਹ ਵਿੱਤੀ ਕਮਿਸ਼ਨਰ , ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਨੰ:ਵਿ:ਵਿ:ਕਰਜ਼ਾ-ਭ.ਅ.ਕਰਜ਼ਾ/93/2019/ ੧੨੪੨-੪੩ ਮਿਤੀ: 15.10.2019